# 6 ਗ੍ਰਾਮ ਹੈਰੋਇਨ ਸਮੇਤ ਦੋ ਨੌਜਵਾਨ ਕਾਬੂ



*ਹੈਰੋਇਨ ਸਮੇਤ ਫੜੇ ਗਏ ਕਥਿਤ ਦੋਸ਼ੀ ਪੁਲਸ ਪਾਰਟੀ ਨਾਲ।* (ਦਲਜੀਤ)

ਸ੍ਰੀ ਅਨੰਦਪੁਰ ਸਾਹਿਬ, 8 ਅਪ੍ਰੈਲ (ਦਲਜੀਤ)-ਸਥਾਨਕ ਪੁਲਸ ਨੇ 6 ਗ੍ਰਾਮ ਹੈਰੋਇਨ ਸਮੇਤ ਦੋ ਨੌਜਵਾਨਾਂ ਨੂੰ ਕਾਬੂ ਕਰਨ 'ਚ ਸਫਲਤਾ ਹਾਸਿਲ ਕੀਤੀ ਹੈ। ਥਾਣਾ ਮੁਖੀ ਇੰਸਪੈਕਟਰ ਗੁਰਪ੍ਰੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲਾ ਪੁਲਸ ਮੁਖੀ ਸੰਦੀਪ ਗਰਗ ਦੀਆਂ ਹਦਾਇਤਾਂ, ਪੁਲਸ ਡਿਟੈਕਟਿਵ ਹਰਬੀਰ ਸਿੰਘ ਅਟਵਾਲ ਅਤੇ ਸ੍ਰੀ ਅਨੰਦਪੁਰ ਸਾਹਿਬ ਦੇ ਡੀ.ਐੱਸ.ਪੀ. ਅਜੈ ਸਿੰਘ ਦੇ ਨਿਰਦੇਸ਼ਾਂ ਹੇਠ ਸਥਾਨਕ ਪੁਲਸ ਵੱਲੋਂ ਨਸ਼ਿਆਂ ਖ਼ਿਲਾਫ਼ ਪਿਛਲੇ ਕਈ ਦਿਨਾਂ ਤੋਂ ਮੁਹਿੰਮ ਵਿੱਢੀ ਹੋਈ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਅੱਜ ਉਸ ਸਮੇਂ ਸਫਲਤਾ ਹਾਸਲ ਹੋਈ ਜਦੋਂ ਏ. ਐੱਸ. ਆਈ. ਸ਼ਮਸ਼ੇਰ ਸਿੰਘ ਆਪਣੀ ਪੁਲਸ ਟੀਮ ਨਾਲ ਨੈਣਾਂ ਦੇਵੀ ਟੀ-ਪੁਆਇੰਟ 'ਤੇ ਮੌਜੂਦ ਸੀ।

ਇਸ ਦੌਰਾਨ ਇਕ ਕਾਲੇ ਰੰਗ ਦੇ ਮੋਟਰਸਾਈਕਲ ਨੰਬਰ ਪੀ ਬੀ 16 ਡੀ 0307 ਤੇ ਦੋ ਨੌਜਵਾਨ ਜਿਨ੍ਹਾਂ ਨੇ ਆਪਣੇ ਮੂੰਹ ਪਰਨੇ ਨਾਲ ਢਕੇ ਹੋਏ ਸਨ ਆਏ ਪਰ ਪੁਲਸ ਨੂੰ ਦੇਖ ਕੇ ਘਬਰਾ ਗਏ, ਜੋ ਆਪਣਾ ਮੋਟਰਸਾਈਕਲ ਮੋੜ ਕੇ ਭੱਜਣ ਲੱਗੇ ਤਾਂ ਮੋਟਰਸਾਈਕਲ ਦੇ ਪਿੱਛੇ ਬੈਠੇ ਨੌਜਵਾਨ ਨੇ ਆਪਣੀ ਜੇਬ ਵਿਚੋਂ ਇਕ ਛੋਟਾ ਜਿਹਾ ਲਿਫਾਫਾ ਕੱਢ ਕੇ ਬਾਹਰ ਸੁੱਟ ਦਿੱਤਾ। ਮੌਕੇ 'ਤੇ ਖੜ੍ਹੇ ਪੁਲਸ ਮੁਲਾਜ਼ਮਾਂ ਵੱਲੋਂ ਉਕਤ ਦੋਨਾਂ ਨੌਜਵਾਨਾਂ ਨੂੰ ਕਾਬੂ ਕਰ ਲਿਆ ਗਿਆ ਅਤੇ ਚੌਕੀ ਇੰਚਾਰਜ ਗੁਰਮੁੱਖ ਸਿੰਘ ਦੀ ਦੇਖਰੇਖ ਹੇਠ ਸੁੱਟੇ ਲਿਫਾਫੇ ਨੂੰ ਚੁੱਕ ਕੇ ਜਦੋਂ ਖੋਲ੍ਹ ਕੇ ਦੇਖਿਆ ਤਾਂ ਉਸ 'ਚੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਦੋਸ਼ੀ ਨੌਜਵਾਨਾਂ ਦੀ ਪਛਾਣ ਜਸਵੰਤ ਸਿੰਘ ਉਰਫ ਬੱਬਾ ਪੁੱਤਰ ਅਮਰਜੀਤ ਸਿੰਘ, ਸੁਖਰਾਜ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਦਸਮੇਸ਼ ਕਾਲੋਨੀ ਸ੍ਰੀ ਆਨੰਦਪੁਰ ਸਾਹਿਬ ਵਜੋਂ ਹੋਈ। ਉਨ੍ਹਾਂ ਦੱਸਿਆ ਕਿ ਜਦੋਂ ਉਕਤ ਦੋਨੋਂ ਨੌਜਵਾਨਾਂ ਤੋਂ ਬਰਾਮਦ ਹੋਏ ਮੋਟਰਸਾਈਕਲ ਦੀ ਚੈਕਿੰਗ ਕੀਤੀ ਗਈ ਤਾਂ ਮੋਟਰਸਾਈਕਲ ਨੂੰ ਲੱਗੀਆਂ ਨੰਬਰ ਪਲੇਟਾਂ ਵੀ ਜਾਅਲੀ ਨਿਕਲੀਆਂ ਜਦਕਿ ਉਸ ਦਾ ਅਸਲੀ ਨੰਬਰ ਪੀ ਬੀ 16 ਜੀ 0259 ਨਿਕਲਿਆ। ਥਾਣਾ ਮੁਖੀ ਨੇ ਦੱਸਿਆ ਕਿ ਉਕਤ ਨੌਜਵਾਨ ਜਾਅਲੀ ਨੰਬਰ ਪਲੇਟਾਂ ਲਗਾ ਕੇ ਨਸ਼ਾ ਵੇਚਣ ਦਾ ਕੰਮ ਕਰਦੇ ਸਨ, ਜਿਨ੍ਹਾਂ 'ਤੇ ਦਰਜ ਧਾਰਾਵਾਂ ਵਿਚ ਵਾਧਾ ਕਰ ਕੇ ਉਕਤ ਦੋਸ਼ੀਆਂ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕੀਤਾ ਜਾਵੇਗਾ।

ਜਗ ਬਾਣੀ ਈ-ਪੇਪਰ
Sat,09 April 2022
Edition: roopnagar bani, Page